# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 11/64-2000 ਅ-3 (4) (ਕੋ:ਸੈਲ(4))
ਮਿਤੀ, ਐਸ.ਏ.ਐਸ.ਨਗਰ :- 22.6.2015

ਸ੍ਰੀਮਤੀ ਰਮਿੰਦਰ ਕੌਰ ਸੰਧੂ, ਸ.ਸ ਮਿਸਟ੍ਰੈਸ, ਸ.ਸ.ਸ.ਸ ਡੈਮਗੰਜ (ਅੰਮ੍ਰਿਤਸਰ) ਲੀਅਨ ਸ.ਕੰ.ਸ.ਸ.ਸ ਭਕਨਾਂ, ਜ਼ਿਲ੍ਹਾ ਅੰਮ੍ਰਿਤਸਰ ਨੂੰ ਮਿਤੀ 01-04-1997 ਤੋਂ ਲਗਾਤਾਰ ਆਪਣੀ ਡਿਊਟੀ ਤੋਂ ਗੈਰ ਹਾਜਰ ਰਹਿਣ ਕਾਰਨ ਇਸ ਦਫਤਰ ਦੇ ਹੁਕਮ ਨੰ: 11/64-2000 ਅ-3 (4) ਮਿਤੀ 24-10-2000/ 15-02-2001 ਰਾਹੀਂ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ੍ਰੀਮਤੀ ਰਮਿੰਦਰ ਕੌਰ ਸੰਧੂ, ਸ.ਸ ਮਿਸਟ੍ਰੈਸ, ਸ.ਸ.ਸ.ਸ ਡੈਮਗੰਜ (ਅੰਮ੍ਰਿਤਸਰ) ਲੀਅਨ ਸ.ਕੰ.ਸ.ਸ.ਸ ਭਕਨਾਂ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਦੋਸ਼ ਸੂਚੀ ਦਾ ਕੋਈ ਉਤਰ ਨਹੀਂ ਦਿੱਤਾ ਗਿਆ। ਉਸ ਵਿਰੁੱਧ ਲੱਗੇ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ:11/64-2000 ਅ-3 (4) ਮਿਤੀ 01-07-2004/14-07-2004 ਰਾਹੀਂ ਸ੍ਰੀ ਕੇ.ਸੀ ਕਪੂਰ , ਮੰਡਲ ਸਿਖਿਆ ਅਫਸਰ, ਜਲੰਧਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ । ਇਹ ਕਰਮਚਾਰਨ ਪੜਤਾਲ ਵਿੱਚ ਸ਼ਾਮਲ ਨਹੀਂ ਹੋਈ। ਵਿਭਾਗ ਵੱਲੋਂ ਮਿਤੀ 06.09.2005 ਨੂੰ ਇਸ ਕਰਮਚਾਰਨ ਲਈ ਅਖਬਾਰ ਵਿੱਚ ਪਬਲਿਕ ਨੋਟਿਸ ਪਬਲਿਸ਼ ਕਰਵਾਉਂਦੇ ਹੋਏ ਲਿਖਿਆ ਗਿਆ ਕਿ ਇਹ 21 ਦਿਨਾਂ ਦੇ ਅੰਦਰ-ਅੰਦਰ ਪੜਤਾਲੀਆ ਅਫਸਰ ਦੇ ਸਾਹਮਣੇ ਪੇਸ਼ ਹੋਏ ਨਹੀਂ ਤਾਂ ਐਕਸ ਪਾਰਟੀ proceedings conduct ਕਰ ਲਈਆਂ ਜਾਣਗੀਆਂ।

ਇਸ ਕਰਮਚਾਰਨ ਨੇ ਪਬਲਿਕ ਨੋਟਿਸ ਦੇ ਸਬੰਧ ਵਿਚ ਕੋਈ response ਨਹੀਂ ਦਿੱਤਾ ਅਤੇ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਮਿਤੀ 01.04.1997 ਤੋਂ ਗੈਰਹਾਜ਼ਰ ਚੱਲਦੀ ਰਹੀ ਅਤੇ ਮਿਤੀ 30.04.13 ਨੂੰ In-absentia ਰਿਟਾਇਰ ਹੋ ਗਈ।

ਕੁਦਰਤੀ ਨਿਆਂ ਦੇ ਪੱਖ ਨੂੰ ਮੁੱਖ ਰੱਖਦੇ ਹੋਏ ਆਖਰੀ ਫੈਸਲਾ ਲੈਣ ਤੋਂ ਪਹਿਲਾਂ ਸ੍ਰੀਮਤੀ ਰਮਿੰਦਰ ਕੌਰ ਸੰਧੂ, ਸ.ਸ ਮਿਸਟ੍ਰੈਸ, ਸ.ਸ.ਸ.ਸ ਡੈਮਗੰਜ (ਅੰਮ੍ਰਿਤਸਰ) ਲੀਅਨ ਸ.ਕੰ.ਸ.ਸ.ਸ ਭਕਨਾਂ, ਜ਼ਿਲ੍ਹਾ ਅੰਮ੍ਰਿਤਸਰ ਨੂੰ ਮਿਤੀ 29.05.15 ਨੂੰ 12 ਵਜੇ ਨਿਜੀ ਸੁਣਵਾਈ ਵਿੱਚ ਹਾਜ਼ਰ ਹੋਣ ਲਈ ਲਿਖਿਆ ਗਿਆ ਤਾਂ ਜੋ ਉਹ ਨਿਜੀ ਤੌਰ ਤੇ ਪੇਸ਼ ਹੋ ਕੇ ਆਪਣਾ ਪੱਖ ਪੇਸ਼ ਕਰ ਸਕੇ। ਕਰਮਚਾਰਨ ਨਿਜੀ ਸੁਣਵਾਈ ਲਈ ਵੀ ਨਹੀਂ ਆਈ।

ਸ੍ਰੀਮਤੀ ਰਮਿੰਦਰ ਕੌਰ ਸੰਧੂ, ਸ.ਸ ਮਿਸਟ੍ਰੈਸ, ਸ.ਸ.ਸ.ਸ ਡੈਮਗੰਜ(ਅੰਮ੍ਰਿਤਸਰ) ਲੀਅਨ ਸ.ਕੰ.ਸ.ਸ.ਸ ਭਕਨਾਂ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਕੋਈ response ਨਾ ਆਉਣਾ ਅਤੇ ਨਿਜੀ ਸੁਣਵਾਈ ਲਈ ਵੀ ਪੇਸ਼ ਨਾ ਹੋਣ ਤੋਂ ਇਹ ਸਪਸ਼ਟ ਹੈ ਕਿ ਇਹ ਕਰਮਚਾਰਨ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਨਾ ਹੀ ਇਸ ਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਹੈ। ਇਹ ਕਰਮਚਾਰਨ ਮਿਤੀ 01-04-1997 ਤੋਂ ਲਗਾਤਾਰ ਅਣਅਧਿਕਾਤਰ ਤੌਰ ਤੇ ਆਪਣੀ ਡਿਊਟੀ ਤੋਂ ਗੈਰਹਾਜ਼ਰ ਰਹਿੰਦੇ ਹੋਏ ਮਿਤੀ 30-04-2013 ਨੂੰ In-absentia ਰਿਟਾਇਰ ਹੋ ਚੁੱਕੀ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ ਉਪਰੋਕਤ ਦਰਸਾਏ ਤੱਥਾਂ ਦੇ ਸਨਮੁੱਖ ਸ੍ਰੀਮਤੀ ਰਮਿੰਦਰ ਕੌਰ ਸੰਧੂ, ਸ.ਸ ਮਿਸਟ੍ਰੈਸ, ਸ.ਸ.ਸ.ਸ ਡੈਮਗੰਜ(ਅੰਮ੍ਰਿਤਸਰ) ਲੀਅਨ ਸ.ਕੰ.ਸ.ਸ.ਸ ਭਕਨਾਂ, ਜ਼ਿਲ੍ਹਾ ਅੰਮ੍ਰਿਤਸਰ, ਜੋ ਮਿਤੀ 01-04-1997 ਤੋਂ ਲਗਾਤਾਰ ਅਣ ਅਧਿਕਾਰਤ ਤੌਰ ਤੇ ਆਪਣੀ ਡਿਊਟੀ ਤੋਂ ਲਗਾਤਾਰ ਗੈਰ-ਹਾਜ਼ਰ ਚਲਦੀ ਰਹੀ ਹੈ, ਦੀਆਂ ਸੇਵਾਵਾਂ ਪੰਜਾਬ ਸਿਵਲ ਸਰਵਿਸਜ਼ ਵਾਲਿਊਮ 2 ਦੇ ਨਿਯਮ 3.17 ਏ ਅਧੀਨ ਫਾਰਫਿਟ (forfeit) ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 11101-104 ਮਿਤੀ, ਐਸ.ਏ.ਐਸ.ਨਗਰ : 23/6/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿੱਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲੱਬਧ ਕਰਵਾਈ ਜਾਵੇ।
3. (ਰਜਿਸਟਰਡ) ਪ੍ਰਿੰਸੀਪਲ, ਸ.ਕੰ.ਸ.ਸ.ਸ ਭਕਨਾਂ, ਜ਼ਿਲ੍ਹਾ ਅੰਮ੍ਰਿਤਸਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ੍ਰੀਮਤੀ ਰਮਿੰਦਰ ਕੌਰ ਸੰਧੂ, ਸ.ਸ ਮਿਸਟ੍ਰੈਸ, ਸ.ਸ.ਸ.ਸ ਡੈਮਗੰਜ (ਅੰਮ੍ਰਿਤਸਰ) ਬਾਅਦ ਵਿੱਚ ਲੀਅਨ ਸ.ਕੰ.ਸ.ਸ.ਸ ਭਕਨਾਂ, ਜ਼ਿਲ੍ਹਾ ਅੰਮ੍ਰਿਤਸਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।**

ਹੁਕਮ ਨੰ: 10/269-09 ਅ-3 (1) (ਕੋ:ਸੈਲ (4) )
ਮਿਤੀ, ਐਸ.ਏ.ਐਸ.ਨਗਰ :- 22.6.2015

ਸ਼੍ਰੀ ਅਨੁਰੱਧ ਸੰਗਰ, ਸ.ਸ ਮਾਸਟਰ , ਸਰਕਾਰੀ ਹਾਈ ਸਕੂਲ ਚੱਕ ਰਾਮੂੰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਜੋ ਮਿਤੀ 23-07-2009 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 10/269-09 ਅ-3 (1) ਮਿਤੀ 29-12-2009/ 22-01-2010 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਵੱਡੀਆਂ ਸਜ਼ਾਵਾਂ ਦੇ ਨਿਯਮ 5 (v ਤੋਂ ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀ ਅਨੁਰੱਧ ਸੰਗਰ, ਸ.ਸ ਮਾਸਟਰ , ਸਰਕਾਰੀ ਹਾਈ ਸਕੂਲ ਚੱਕ ਰਾਮੂੰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 10/269-09 ਅ-3 (1) ਮਿਤੀ 06-03-2012 ਰਾਂਹੀ ਸ਼੍ਰੀ ਦਿਨੇਸ਼ ਕੁਮਾਰ, ਪ੍ਰਿੰਸੀਪਲ, ਸ.ਸ.ਸ.ਸ ਸ਼ਹੀਦ ਭਗਤ ਸਿੰਘ ਨਗਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰੀ ਵਿਰੁੱਧ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀ ਅਨੁਰੱਧ ਸੰਗਰ, ਸ.ਸ ਮਾਸਟਰ , ਸਰਕਾਰੀ ਹਾਈ ਸਕੂਲ ਚੱਕ ਰਾਮੂੰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 29.05.15 ਨੂੰ ਸਵੇਰੇ 11.30 ਵਜੇ ਨਿਜੀ ਸੁਣਵਾਈ ਲਈ ਬੁਲਾਇਆ ਗਿਆ ਤਾਂ ਜੋ ਆਪਣੇ ਪੱਖ ਵਿੱਚ ਜੇਕਰ ਇਹ ਕੁਝ ਕਹਿਣਾ ਚਾਹੁੰਦਾ ਹੋਵੇ ਤਾਂ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ। ਕਰਮਚਾਰੀ ਨਾ ਤਾਂ ਨਿੱਜੀ ਸੁਣਵਾਈ ਵਿਚ ਹਾਜ਼ਰ ਹੋਇਆ ਅਤੇ ਨਾ ਹੀ ਉਸ ਨੇ ਕੋਈ ਲਿਖਤੀ ਉੱਤਰ ਦਿੱਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀ ਅਨੁਰੱਧ ਸੰਗਰ, ਸ.ਸ ਮਾਸਟਰ , ਸਰਕਾਰੀ ਹਾਈ ਸਕੂਲ ਚੱਕ ਰਾਮੂੰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 23-07-2009 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 1117-120 ਮਿਤੀ, ਐਸ.ਏ.ਐਸ.ਨਗਰ : 23/6/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਸ਼ਹੀਦ ਭਗਤ ਸਿੰਘ ਨਗਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਰਜਿਸਟਰਡ 3. ਮੁੱਖ ਅਧਿਆਪਕ, ਸਰਕਾਰੀ ਹਾਈ ਸਕੂਲ ਚੱਕ ਰਾਮੂੰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।

4. ਸ਼੍ਰੀ ਅਨੁਰੱਧ ਸੰਗਰ, ਸ.ਸ ਮਾਸਟਰ , ਸਰਕਾਰੀ ਹਾਈ ਸਕੂਲ ਚੱਕ ਰਾਮੂੰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ